# ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਪੈਟਰੋਲ ਪੰਪ ਦੀ ਲੁੱਟ ਦੀ ਗੁੱਥੀ ਨੂੰ ਸੁਲਝਾਉਂਦਿਆਂ 07 ਦੋਸ਼ੀਆਂ ਨੂੰ ਕੀਤਾ ਕਾਬੂ

ਸ੍ਰੀ ਮੁਕਤਸਰ ਸਾਹਿਬ( )ਮਾਨਯੋਗ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ ਪੰਜਾਬ ਅਤੇ ਸ.ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ ਆਈ.ਜੀ.ਫਰੀਦਕੋਟ ਰੇਂਜ ਫਰੀਦਕੋਟ ਦੀਆ ਹਦਾਇਤਾ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐੱਸ. ਐਸ.ਐਸ. ਪੀ ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾਂ ਨਿਰਦੇਸ਼ ਹੇਠ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਕ੍ਰੀਮੀਨਲ ਵਿਅਕਤੀਆਂ/ਗੈਂਗਸਟਰਾਂ ਖਿਲਾਫ ਵਿੱਢੀ ਮੁਹਿੰਮ ਨੂੰ ਉਸ ਵਕਤ ਭਰਵਾਂ ਹੁੰਗਾਰਾਂ ਮਿਲਿਆ ਜਦੋਂ ਸ੍ਰੀ ਮਨਮੀਤ ਸਿੰਘ ਢਿੱਲੋਂ ਐਸ.ਪੀ (ਡੀ) ਅਤੇ ਸ.ਸਤਨਾਮ ਸਿੰਘ ਡੀ.ਐਸ.ਪੀ (ਸ.ਡ) ਸ੍ਰੀ ਮੁਕਤਸਰ ਸਾਹਿਬ ਦੀ ਯੋਗ ਅਗਵਾਈ ਹੇਠ ਇੰਸਪੈਕਟਰ ਗੁਰਵਿੰਦਰ ਸਿੰਘ ਇੰਚਾਰਜ ਸੀ.ਆਈ.ਏ. ਸਟਾਫ ਸ੍ਰੀ ਮੁਕਤਸਰ ਸਾਹਿਬ ਅਤੇ ਸਬ-ਇੰਸਪੈਕਟਰ ਵਰੁਣ ਕੁਮਾਰ ਮੁੱਖ ਅਫਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਅਤੇ ਪੁਲਿਸ ਚੌਂਕੀ ਬੱਸ ਸਟੈਂਡ ਦੀ ਟੀਮ ਵੱਲੋਂ ਪਿਛਲੇ ਦਿਨੀ ਪੈਟਰੋਲ ਪੰਪ ਤੇ ਹੋਈ ਲੁੱਟ ਨੂੰ ਟਰੇਸ ਕਰਦਿਆ 07 ਦੋਸ਼ੀਆਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ ।

ਜਾਣਕਾਰੀ ਦਿੰਦੇ ਹੋਏ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐੱਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਮਿਤੀ 21.03.2024 ਨੂੰ ਸੁਭਾ ਕਰੀਬ 6:00 ਵਜੇ ਦੋ ਨਾਮਲੂਮ ਵਿਅਕਤੀ ਵੱਲੋ ਮੰਗੇ ਦਾ ਪੈਟਰੋਲ ਪੰਪ ਮਲੋਟ ਰੋਡ ਸ੍ਰੀ ਮੁਕਤਸਰ ਸਾਹਿਬ ਵਿੱਚ ਦਾਖਲ ਹੋ ਕੇ ਕਰੀਬ 70/80 ਹਜਾਰ ਰੁਪਏ ਦੀ ਲੁੱਟ ਕੀਤੀ ਸੀ ਜਿਸ ਸਬੰਧੀ ਹਰਜੀਤ ਸਿੰਘ ਪੁੱਤਰ ਬਲਜੀਤ ਸਿੰਘ ਵਾਸੀ ਪਿੰਡ ਸੰਗੂਧੌਣ ਸ੍ਰੀ ਮੁਕਤਸਰ ਸਾਹਿਬ ਜੋ ਪੰਪ ਪਰ ਸੇਲਜ਼ਮੈਨ ਦੀ ਡਿਊਟੀ ਕਰਦਾ ਹੈ ਅਤੇ ਲੁੱਟ ਸਮੇਂ ਪੰਪ ਪਰ ਮੌਜੂਦ ਸੀ, ਜਿੱਥੇ ਦੋ ਵਿਅਕਤੀਆਂ ਵੱਲੋ ਪੈਟਰੋਲ ਪੰਪ ਦੇ ਦਫਤਰ ਵਿੱਚੋ ਪੈਸੇ ਕੱਢ ਲਏ ਜਦੋਂ ਸੇਲਜ਼ਮੈਨ ਉਹਨਾਂ ਮਗਰ ਭੱਜਿਆ ਤਾਂ ਉਹਨਾਂ ਨੇ ਕਾਪਾ ਦਿਖਾ ਕੇ ਉਸਨੂੰ ਡਰਾ ਦਿੱਤਾ ਦੇ ਉਸਨੂੰ ਧੱਕਾ ਮਾਰ ਕੇ ਭੱਜ ਗਏ ਜਿਸ ਦੇ ਬਿਆਨ ਪਰ ਮੁੱਕਦਮਾ ਨੰਬਰ 48 ਮਿਤੀ 22.03.2024 ਅ/ਧ 382 ਹਿੰ:ਦੰ: ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵਿੱਖੇ ਬਰਖਿਲਾਫ ਨਾਮਲੂਮ ਵਿਅਕਤੀਆਂ ਦੇ ਦਰਜ ਰਜਿਸਟਰ ਕਰਕੇ ਤਫਤੀਸ਼ ਸ਼ੁਰੂ ਕੀਤੀ ਗਈ ਦੌਰਾਨੇ ਤਫਤੀਸ਼ ਕਰਕੇ ਆਧੁਨਿਕ ਢੰਗ, ਤਰੀਕਿਆ ਅਤੇ ਟੈਕਨੀਕਲ ਸਹਾਇਤਾ ਨਾਲ ਪੈਟਰੋਲ ਪੰਪ ਪਰ ਹੋਈ ਲੁੱਟ ਨੂੰ ਟਰੇਸ ਕਰਕੇ ਹੈਪੀ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਗਲੀ ਨੰਬਰ 07, ਗੋਨਿਆਣਾ ਰੋਡ ਸ੍ਰੀ ਮੁਕਤਸਰ ਸਾਹਿਬ ਅਤੇ ਸੁਖਵਿੰਦਰ ਸਿੰਘ ਉਰਫ ਲਾਡੀ ਪੁੱਤਰ ਬਲਵੀਰ ਸਿੰਘ ਵਾਸੀ ਗਲੀ ਨੰਬਰ 02, ਗੋਨਿਆਣਾ ਰੋਡ, ਸ੍ਰੀ ਮੁਕਤਸਰ ਸਾਹਿਬ ਨੂੰ ਮੁੱਕਦਮੇ ਵਿੱਚ ਨਾਮਜ਼ਦ ਕਰਕੇ ਗ੍ਰਿਫਤਾਰ ਕੀਤਾ ਗਿਆ, ਤਫਤੀਸ਼ ਦੋਰਾਨ ਗ੍ਰਿਫਤਾਰ ਕੀਤੇ ਗਏ ਦੋਸੀਆਂ ਤੋਂ ਮੁੱਢਲੀ ਪੁੱਛਗਿੱਛ ਤੇ ਉਨ੍ਹਾਂ ਦੱਸਿਆ ਕਿ ਪੈਟਰੋਲ ਪੰਪ ਤੇ ਕੰਮ ਕਰਨ ਵਾਲੇ 05 ਸੇਲਜ਼ਮੈਨ 1. ਹਰਜੀਤ ਸਿੰਘ ਪੁੱਤਰ ਬਲਜੀਤ ਸਿੰਘ ਵਾਸੀ ਪਿੰਡ ਸੰਗੂਧੌਣ ਸ੍ਰੀ ਮੁਕਤਸਰ ਸਾਹਿਬ, 2. ਸਾਜਨ ਸਿੰਘ ਪੁੱਤਰ ਕਸ਼ਮੀਰ ਸਿੰਘ ਗੋਨਿਆਣਾ ਰੋਡ ਸ੍ਰੀ ਮੁਕਤਸਰ ਸਾਹਿਬ, 3. ਗੁਰਪ੍ਰੀਤ ਸਿੰਘ ਪੁੱਤਰ ਹਰਦੇਵ ਸਿੰਘ ਵਾਸੀ ਗੋਨਿਆਣਾ ਰੋਡ ਸ੍ਰੀ ਮੁਕਤਸਰ ਸਾਹਿਬ, 4.ਮਨਜੀਤ ਸਿੰਘ ਉਰਫ ਮਨੀ ਪੁੱਤਰ ਜਗਸੀਰ ਸਿੰਘ ਵਾਸੀ ਕਿਸ਼ਨਪੁਰਾ ਬਸਤੀ, ਬਠਿੰਡਾ ਰੋਡ, ਸ੍ਰੀ ਮੁਕਤਸਰ ਸਾਹਿਬ ਅਤੇ 5. ਗੁਰਕੀਰਤ ਸਿੰਘ ਪੁੱਤਰ ਸੁਖਦੀਪ ਸਿੰਘ ਵਾਸੀ ਨੇੜੇ ਜਗਮੀਤ ਸਿੰਘ ਬਰਾੜ ਦੀ ਕੋਠੀ, ਗੋਨਿਆਣਾ ਰੋਡ, ਸ੍ਰੀ ਮੁਕਤਸਰ ਸਾਹਿਬ ਵੀ ਇਸ ਲੁੱਟ ਵਿੱਚ ਸ਼ਾਮਲ ਹਨ। ਜਿਸ ਤੇ ਇਹਨਾਂ ਨੂੰ ਉਕਤ ਮੁੱਕਦਮੇ ਵਿੱਚ ਨਾਮਜ਼ਦ ਕਰਕੇ ਵਾਧਾ ਜੁਰਮ 408/120ਬੀ ਹਿੰ:ਦੰ: ਦਾ ਕੀਤਾ ਗਿਆ ਤੇ ਇਹਨਾਂ ਨੂੰ ਮੁਕੱਮਦੇ ਵਿੱਚ ਗ੍ਰਿਫਤਾਰ ਕੀਤਾ ਗਿਆ, ਇਹਨਾਂ ਪਾਸੋ 12000/- ਰੁਪਏ ਨਗਦੀ ਬ੍ਰਾਮਦ ਕਰਵਾਏ ਜਾ ਚੁੱਕੇ ਹਨ। ਜਿਹਨਾਂ ਨੂੰ ਅੱਜ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਡੂੰਘਾਈ ਨਾਲ ਪੁੱਛਗਿੱਛ ਕਰਕੇ ਅਗਲੇਰੀ ਤਫਤੀਸ਼ ਅਮਲ ਵਿੱਚ ਲਿਆਂਦੀ ਜਾਵੇਗੀ।